ਆਸਾ ਮਹਲਾ ੫ ਤਿਪਦੇ ੨ ॥ ਹਰਿ ਰਸੁ ਪੀਵਤ ਸਦ ਹੀ ਰਾਤਾ ॥ ਆਨ ਰਸਾ ਖਿਨ ਮਹਿ ਲਹਿ ਜਾਤਾ ॥ ਹਰਿ ਰਸ ਕੇ ਮਾਤੇ ਮਨਿ ਸਦਾ ਅਨੰਦ ॥ ਆਨ ਰਸਾ ਮਹਿ ਵਿਆਪੈ ਚਿੰਦ ॥੧॥ ਹਰਿ ਰਸੁ ਪੀਵੈ ਅਲਮਸਤੁ ਮਤਵਾਰਾ ॥ ਆਨ ਰਸਾ ਸਭਿ ਹੋਛੇ ਰੇ ॥ ੧॥ ਰਹਾਉ ॥ ਹਰਿ ਰਸ ਕੀ ਕੀਮਤਿ ਕਹੀ ਨ ਜਾਇ ॥ ਹਰਿ ਰਸੁ ਸਾਧੂ ਹਾਟਿ ਸਮਾਇ ॥ ਲਾਖ ਕਰੋਰੀ ਮਿਲੈ ਨ ਕੇਹ ॥ ਜਿਸਹਿ ਪਰਾਪਤਿ ਤਿਸ ਹੀ ਦੇਹਿ ॥੨॥ ਨਾਨਕ ਚਾਖਿ ਭਏ ਬਿਸਮਾਦੁ ॥ ਨਾਨਕ ਗੁਰ ਤੇ ਆਇਆ ਸਾਦੁ ॥ ਈਤ ਊਤ ਕਤ ਛੋਡਿ ਨ ਜਾਇ ॥ ਨਾਨਕ ਗੀਧਾ ਹਰਿ ਰਸ ਮਾਹਿ ॥੩॥੨੭॥ {ਪੰਨਾ 377}

ਨੋਟ:- ਤਿਪਦੇ 2—ਤਿੰਨ ਬੰਦਾਂ ਵਾਲੇ ਦੋ ਸ਼ਬਦ।

ਪਦਅਰਥ:- ਪੀਵਤ—ਪੀਂਦਿਆਂ। ਸਦ—ਸਦਾ। ਰਾਤਾ—ਰੰਗਿਆ ਹੋਇਆ, ਮਸਤ। ਆਨ—{ANX} ਹੋਰ। ਮਾਤੇ—ਮਸਤ, ਮਤਵਾਲੇ। ਮਨਿ—ਮਨ ਵਿਚ। ਵਿਆਪੈ—ਜ਼ੋਰ ਪਾ ਲੈਂਦੀ ਹੈ। ਚਿੰਦ—ਚਿੰਤਾ।1।

ਅਲਮਸਤੁ—ਪੂਰਨ ਤੌਰ ਤੇ ਮਸਤ। ਮਤਵਾਰਾ—ਮਤਵਾਲਾ, ਆਸ਼ਿਕ। ਸਭਿ—ਸਾਰੇ। ਹੋਛੇ—ਫਿੱਕੇ।1। ਰਹਾਉ।

ਕੀਮਤਿ—ਮੁੱਲ। ਸਾਧੂ ਹਾਟਿ—ਗੁਰੂ ਦੇ ਹੱਟ ਵਿਚ, ਗੁਰੂ ਦੀ ਸੰਗਤਿ ਵਿਚ। ਸਮਾਇ—ਟਿਕਿਆ ਰਹਿੰਦਾ ਹੈ। ਕੇਹ—ਕਿਸੇ ਨੂੰ। ਜਿਸਹਿ ਪਰਾਪਤਿ—ਜਿਸ ਦੇ ਭਾਗਾਂ ਵਿਚ ਲਿਖੀ ਹੈ ਪ੍ਰਾਪਤੀ। ਦੇਹਿ—ਤੂੰ ਦੇਂਦਾ ਹੈਂ (ਹੇ ਪ੍ਰਭੂ!)।2।

ਚਾਖਿ—ਚੱਖ ਕੇ। ਤੇ—ਤੋਂ, ਪਾਸੋਂ। ਸਾਦੁ—ਸੁਆਦ, ਆਨੰਦ। ਈਤ ਊਤ—ਇਸ ਲੋਕ ਵਿਚ ਤੇ ਪਰਲੋਕ ਵਿਚ। ਕਤ—ਕਿਤੇ ਭੀ। ਗੀਧਾ—ਗਿੱਝਾ ਹੋਇਆ।3।

ਅਰਥ:- (ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਂਦਾ ਹੈ ਉਹ ਉਸ ਰਸ ਵਿਚ ਪੂਰਨ ਤੌਰ ਤੇ ਮਸਤ ਰਹਿੰਦਾ ਹੈ ਉਹ ਉਸ ਨਾਮ-ਰਸ ਦਾ ਆਸ਼ਿਕ ਬਣ ਜਾਂਦਾ ਹੈ, ਉਸ ਨੂੰ ਦੁਨੀਆ ਦੇ ਹੋਰ ਸਾਰੇ ਰਸ (ਨਾਮ-ਰਸ ਦੇ ਟਾਕਰੇ ਤੇ) ਫਿੱਕੇ ਜਾਪਦੇ ਹਨ।1। ਰਹਾਉ।

(ਹੇ ਭਾਈ!) ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਣ ਵਾਲਾ ਮਨੁੱਖ (ਨਾਮ-ਰੰਗ ਵਿਚ) ਸਦਾ ਹੀ ਰੰਗਿਆ ਰਹਿੰਦਾ ਹੈ (ਕਿਉਂਕਿ ਨਾਮ-ਰਸ ਦਾ ਅਸਰ ਕਦੇ ਦੂਰ ਨਹੀਂ ਹੁੰਦਾ, ਇਸ ਤੋਂ ਬਿਨਾ ਦੁਨੀਆ ਦੇ ਪਦਾਰਥਾਂ ਦੇ) ਹੋਰ ਹੋਰ ਰਸਾਂ ਦਾ ਅਸਰ ਇਕ ਖਿਨ ਵਿਚ ਉਤਰ ਜਾਂਦਾ ਹੈ। ਪਰਮਾਤਮਾ ਦੇ ਨਾਮ-ਰਸ ਦੇ ਮਤਵਾਲੇ ਮਨੁੱਖ ਦੇ ਮਨ ਵਿਚ ਸਦਾ ਆਨੰਦ ਟਿਕਿਆ ਰਹਿੰਦਾ ਹੈ, ਪਰ ਦੁਨੀਆ ਦੇ ਪਦਾਰਥਾਂ ਦੇ ਸਵਾਦਾਂ ਵਿਚ ਪਿਆਂ ਚਿੰਤਾ ਆ ਦਬਾਂਦੀ ਹੈ।1।

(ਹੇ ਭਾਈ! ਹਰਿ-ਨਾਮ-ਰਸ ਦੁਨੀਆ ਦੇ ਧਨ-ਪਦਾਰਥ ਦੇ ਵੱਟੇ ਵਿਚ ਨਹੀਂ ਮਿਲ ਸਕਦਾ) ਪਰਮਾਤਮਾ ਦੇ ਨਾਮ-ਰਸ ਦਾ ਮੁੱਲ (ਧਨ-ਪਦਾਰਥ ਦੀ ਸ਼ਕਲ ਵਿਚ) ਬਿਆਨ ਹੀ ਨਹੀਂ ਕੀਤਾ ਜਾ ਸਕਦਾ। ਇਹ ਨਾਮ-ਰਸ ਗੁਰੂ ਦੇ ਹੱਟ ਵਿਚ (ਗੁਰੂ ਦੀ ਸੰਗਤਿ ਵਿਚ) ਸਦਾ ਟਿਕਿਆ ਰਹਿੰਦਾ ਹੈ। ਲੱਖਾਂ ਕ੍ਰੋੜਾਂ ਰੁਪਏ ਦਿੱਤਿਆਂ ਭੀ ਇਹ ਕਿਸੇ ਨੂੰ ਮਿਲ ਨਹੀਂ ਸਕਦਾ। ਹੇ ਪ੍ਰਭੂ! ਜਿਸ ਮਨੁੱਖ ਦੇ ਭਾਗਾਂ ਵਿਚ ਤੂੰ ਇਸ ਦੀ ਪ੍ਰਾਪਤੀ ਲਿਖੀ ਹੈ ਉਸੇ ਨੂੰ ਹੀ ਤੂੰ ਆਪ ਹੀ ਦੇਂਦਾ ਹੈਂ।2।

ਹੇ ਨਾਨਕ! (ਇਹ ਨਾਮ-ਰਸ) ਚੱਖ ਕੇ (ਕੋਈ ਇਸ ਦਾ ਸਵਾਦ ਬਿਆਨ ਨਹੀਂ ਕਰ ਸਕਦਾ। ਜੇ ਕੋਈ ਜਤਨ ਕਰੇ ਤਾਂ) ਹੈਰਾਨ ਪਿਆ ਹੁੰਦਾ ਹੈ (ਕਿਉਂਕਿ ਉਹ ਆਪਣੇ ਆਪ ਨੂੰ ਇਸ ਰਸ ਦਾ ਅਸਰ ਬਿਆਨ ਕਰਨ ਤੋਂ ਅਸਮਰਥ ਵੇਖਦਾ ਹੈ)। ਇਸ ਹਰਿ-ਨਾਮ-ਰਸ ਦਾ ਅਨੰਦ ਗੁਰੂ ਪਾਸੋਂ ਹੀ ਪ੍ਰਾਪਤ ਹੁੰਦਾ ਹੈ (ਜਿਸ ਨੂੰ ਇਕ ਵਾਰੀ ਇਸ ਦੀ ਪ੍ਰਾਪਤੀ ਹੋ ਗਈ ਉਹ) ਇਸ ਲੋਕ ਤੇ ਪਰਲੋਕ ਵਿਚ (ਕਿਸੇ ਭੀ ਹੋਰ ਪਦਾਰਥ ਦੀ ਖ਼ਾਤਰ) ਇਸ ਨਾਮ-ਰਸ ਨੂੰ ਛੱਡ ਕੇ ਨਹੀਂ ਜਾਂਦਾ, ਉਹ ਸਦਾ ਹਰਿ-ਨਾਮ-ਰਸ ਵਿਚ ਹੀ ਮਸਤ ਰਹਿੰਦਾ ਹੈ।3। 27।